# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :04-11-2025**

**ਪਹਿਲਾ ਬੁਲੇਟਿਨ ਦੀਆ ਖਾਸ ਖਬਰਾਂ**

- ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੂਬਾ ਪੱਧਰੀ ਸਮਾਗਮਾਂ ਦੀ ਸ਼ੁਰੂਆਤ, ਵੱਖ-ਵੱਖ ਜ਼ਿਲ੍ਹਿਆਂ 'ਚ ਗੁਰੂ ਸਾਹਿਬ ਨਾਲ ਜੁੜੇ ਇਤਿਹਾਸ ਨੂੰ ਦਰਸਾਉਂਦੇ, ਲਾਈਟ ਐਂਡ ਸਾਊਂਡ ਸ਼ੋਅ ਸ਼ੁਰੂ ਹੋਏ ।

- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਉਣ ਲਈ, ਸਿੱਖ ਸ਼ਰਧਾਲੂਆਂ ਦਾ ਜਥਾ ਰਵਾਨਾ ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ,ਪੰਜਾਬ ਵਿਧਾਨ ਸਭਾ ਦੇ ਸਪੀਕਰ, ਮੁੱਖ ਮੰਤਰੀ ਅਤੇ ਕੈਬਨਿਟ ਮੰਤਰੀਆਂ ਨੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੋਂ ਇਕ ਸ਼ਾਮ ਪਹਿਲਾਂ ਸਾਰੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਸ਼ਵ ਕੱਪ ਜਿੱਤਣ ਵਾਲੀ ਭਾਰਤੀ ਮਹਿਲਾ ਕ੍ਰਿਕਟ ਟੀਮ ਨੂੰ ਦਿੱਤੀ ਵਧਾਈ ਕਿਹਾ-ਪੰਜਾਬ ਦੀਆਂ ਧੀਆਂ ਨੇ ਪੂਰੇ ਦੇਸ਼ ਦਾ ਮਾਣ ਵਧਾਇਆ ਏ ।

- ਹਾਕੀ ਦੇ 100 ਸਾਲ ਪੂਰੇ ਹੋਣ ਦਾ ਜਸ਼ਨ ਮਨਾਉਣ ਲਈ ਦੇਸ਼ ਭਰ ਦੇ 550 ਤੋਂ ਵੱਧ ਜ਼ਿਲ੍ਹਿਆਂ ਵਿੱਚ ਹਾਕੀ ਟੂਰਨਾਮੈਂਟ ਕਰਾਏ ਜਾਣਗੇ।

## **ਹੁਣ ਖਬਰਾਂ ਵਿਸਥਾਰ ਨਾਲ**

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ, ਸੱਚ ਦੇ ਰਾਹ ’ਤੇ ਚੱਲਣ ਦੇ ਸਿਧਾਂਤ ਅਤੇ

ਧਾਰਮਿਕ ਆਜ਼ਾਦੀ ਦੇ ਸੰਦੇਸ਼ ਨੂੰ ਸਮੁੱਚੀ ਮਨੁੱਖਤਾ ਤੱਕ ਪਹੁੰਚਾਉਣ ਲਈ ਗੁਰੂ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੂਬਾ ਪੱਧਰੀ ਸਮਾਗਮਾਂ ਦੀ ਸ਼ੁਰੂਆਤ ਕਰ ਦਿੱਤੀ ਗਈ ਏ। ਸੂਬੇ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਛ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨਾਲ ਬੀਤੇ ਕੱਲ੍ਹ ਪੰਜਾਬ ਭਵਨ ਵਿਖੇ ਦਸਿਆ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾ ਰਹੀ ਏ ਕਿ ਗੁਰੂ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਬਾਰੇ ਪੰਜਾਬ ਅਤੇ ਦੇਸ਼ ਦੇ ਹਰ ਕੋਨੇ ਤੱਕ ਜਾਣਕਾਰੀ ਪਹੁੰਚੇ। ਸਿੱਖਿਆ ਮੰਤਰੀ ਨੇ ਦੱਸਿਆ ਕਿ 10 ਨਵੰਬਰ ਤੋਂ ਪੰਜਾਬ ਦੇ ਸਾਰੇ ਸਕੂਲਾਂ ਵਿੱਚ ਨਰਸਰੀ ਤੋਂ ਲ□ਕੇ ਬਾਰ੍ਹਵੀਂ ਜਮਾਤ ਤੱਕ 15-ਦਿਨਾਂ ਦਾ ਲਾਜ਼ਮੀ ਵਿਦਿਅਕ ਪਾਠਕ੍ਰਮ ਸ਼ੁਰੂ ਕੀਤਾ ਜਾਵੇਗਾ ਜਿਸ ਵਿਚ ਗੁਰੂ ਸਾਹਿਬ ਦੇ ਜੀਵਨ, ਸ਼ਹਾਦਤ ਤੇ ਖਾਲਸਾ ਪੰਥ ਦੀ ਸਿਰਜਣਾ ਬਾਰੇ ਦੱਸਿਆ ਜਾਵੇਗਾ। ਅੱਜ ਤੋਂ ਪਠਾਨਕੋਟ ਦੇ ਲਮੀਨੀ ਸਟੇਡੀਅਮ, ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ, ਰੂਪਨਗਰ ਦੇ ਚਰਨ ਗੰਗਾ ਸਟੇਡੀਅਮ, ਪਟਿਆਲਾ ਦੇ ਪੋਲੋ ਗਰਾਊਂਡ ਅਤੇ ਫਤਹਿਗੜ੍ਹ ਸਾਹਿਬ ਦੇ ਖੇਡ ਸਟੇਡੀਅਮ ਮਾਧੋਪੁਰ ਵਿਖੇ ਲਾਈਟ ਐਂਡ

ਸਾਊਂਡ ਸ਼ੋਅ ਦੀ ਸ਼ੁਰੂਆਤ ਹੋਈ । ਇਹ ਲਾਈਟ ਐਂਡ ਸਾਊਂਡ ਸ਼ੋਅ 20 ਨਵੰਬਰ ਤੱਕ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਜਾਰੀ ਰਹਿਣਗੇ।

-----------------------------------------------------------

ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਹੇਠ ਜੈਕਾਰਿਆਂ ਦੀ ਗੂੰਜ ਵਿਚ ਰਵਾਨਾ ਹੋਇਆ। ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਹਰ ਸਿੱਖ ਦੇ ਮਨ ਦੀ ਰੀਝ ਏ ਕਿ ਉਹ ਪਾਕਿਸਤਾਨ ਸਥਿਤ ਆਪਣੇ ਗੁਰਧਾਮਾਂ ਦੇ ਦਰਸ਼ਨ ਕਰੇ। ਉਨ੍ਹਾਂ ਸਰਕਾਰਾਂ ਨੂੰ ਜਿਥੇ ਜਥਿਆਂ ਨੂੰ ਬੇਰੋਕ ਜਾਰੀ ਰੱਖਣ ਅਤੇ ਖੁਲ੍ਹਦਿਲੀ ਨਾਲ ਵੀਜੇ ਦੇਣ ਦੀ ਅਪੀਲ ਵੀ ਕੀਤੀ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਇਸ ਵਾਰ 1796 ਸ਼ਰਧਾਲੂਆਂ ਨੂੰ

ਪਾਕਿਸਤਾਨ ਹਾਈ ਕਮਿਸ਼ਨ ਵੱਲੋਂ ਵੀਜ਼ੇ ਦਿੱਤੇ ਗਏ ਨੇ । ਇਹ ਜਥਾ ਅੱਜ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਜਾਵੇਗਾ, ਜਿਥੇ 5 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਵਿਚ ਸ਼ਮੂਲੀਅਤ ਕਰੇਗਾ। ਇਸੇ ਤਰ੍ਹਾਂ ਜਥੇ ਦੇ ਸ਼ਰਧਾਲੂ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਹਸਨ ਅਬਦਾਲ, ਗੁਰਦੁਆਰਾ ਕਰਤਾਰਪੁਰ ਸਾਹਿਬ ਨਾਰੋਵਾਲ, ਗੁਰਦੁਆਰਾ ਸ੍ਰੀ ਰੋੜੀ ਸਾਹਿਬ ਐਮਨਾਬਾਦ ਅਤੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਲਾਹੌਰ ਸਮੇਤ ਵੱਖ ਵੱਖ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਕੇ 13 ਨਵੰਬਰ ਨੂੰ ਭਾਰਤ ਵਾਪਸ ਪਰਤਣਗੇ

--------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੋਂ ਇਕ ਸ਼ਾਮ ਪਹਿਲਾਂ ਸਾਰੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ । ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਇਹ ਮੌਕਾ ਸਾਰਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਦਰਸ਼ਾਂ ਅਤੇ ਕਦਰਾਂ-ਕੀਮਤਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਦਾ ਏ ਅਤੇ ਇੱਕ ਬਿਹਤਰ ਸਮਾਜ ਦੇ ਨਿਰਮਾਣ ਲਈ ਸਾਨੂੰ ਮਾਰਗਦਰਸ਼ਨ ਕਰਦਾ ਏ ।

ਰਾਸ਼ਟਰਪਤੀ ਨੇ ਸਾਰਿਆਂ ਨੂੰ ਗੁਰੂ ਜੀ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਇੱਕ ਹੋਰ ਸ਼ਾਂਤੀਪੂਰਨ ਅਤੇ ਖੁਸ਼ਹਾਲ ਰਾਸ਼ਟਰ ਬਣਾਉਣ ਲਈ ਉਨ੍ਹਾਂ ਦੇ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ।

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕਬਨਿਟ ਮੰਤਰੀਆਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ਪੁਰਬ ਦੇ ਪਵਿੱਤਰ ਅਵਸਰ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਦਇਆ ਭਾਵਨਾ, ਏਕਤਾ, ਸਮਾਨਤਾ ਅਤੇ ਨਿਰਸਵਾਰਥ ਸੇਵਾ ਦੀਆਂ ਸਿੱਖਿਆਵਾਂ ਸਦੀਵੀਂ ਨੇ। ਉਨ੍ਹਾਂ ਦਾ "ਏਕ ਓਂਕਾਰ" ਦਾ ਸੰਦੇਸ਼ ਸਮੁੱਚੀ ਮਨੁੱਖਤਾ ਨੂੰ ਸਦਭਾਵਨਾ ਅਤੇ ਚੰਗਿਆਈ ਦੇ ਰਾਹ ‘ਤੇ ਚੱਲਣ ਲਈ ਪ੍ਰੇਰਿਤ ਕਰਦਾ ਏ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਸਾਨੂੰ ਮਨੁੱਖਤਾ ਅਤੇ ਦਇਆ ਭਾਵਨਾ ਨਾਲ ਜੀਵਨ ਜਿਉਣ ਅਤੇ ਹੋਰਨਾਂ ਪ੍ਰਤੀ ਹਮਦਰਦੀ ਰੱਖਣ ਦਾ ਮਾਰਗ ਦਿਖਾਉਂਦੀਆਂ ਨੇ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਜੀਵਨ ਵਿੱਚ ਗੁਰੂ ਸਾਹਿਬ ਦੁਆਰਾ ਦਿਖਾਏ ਮਾਰਗ 'ਤੇ ਚੱਲਣਾ ਚਾਹੀਦਾ ਏ।

---

ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਲੁਧਿਆਣਾ ਦੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਸਾਬਕਾ ਕੇਂਦਰੀ ਗ੍ਰਹਿ ਮੰਤਰੀ ਮਰਹੂਮ ਬੂਟਾ ਸਿੰਘ ਬਾਰੇ ਕੀਤੀਆਂ ਟਿੱਪਣੀਆਂ ਦੇ ਮਾਮਲੇ ਦੇ ਸਬੰਧ ਵਿੱਚ ਪੇਸ਼ ਕੀਤੀ ਗਈ ਰਿਪੋਰਟ ਨੂੰ ਤਸੱਲੀਯੋਗ ਨਾ ਪਾਏ ਜਾਣ ਤੋਂ ਬਾਅਦ 6 ਨਵੰਬਰ ਨੂੰ ਤਰਨ ਤਾਰਨ ਦੇ ਜ਼ਿਲ੍ਹਾ ਚੋਣ ਅਧਿਕਾਰੀ ਨੂੰ ਤਲਬ ਕੀਤਾ ਏ । ਕਮਿਸ਼ਨ ਨੇ ਜ਼ਿਲ੍ਹਾ ਚੋਣ ਅਧਿਕਾਰੀ ਤੋਂ ਆਦਰਸ਼ ਚੋਣ ਜ਼ਾਬਤੇ ਅਨੁਸਾਰ ਰਾਜਾ ਵੜਿੰਗ ਦੇ ਜ਼ਿਲ੍ਹੇ ਵਿੱਚ ਦਾਖਲੇ 'ਤੇ ਪਾਬੰਦੀ ਨਾ ਲਗਾਉਣ ਲਈ ਸਪੱਸ਼ਟੀਕਰਨ ਵੀ ਮੰਗਿਆ ਏ । ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਸਹਾਇਕ ਰਿਟਰਨਿੰਗ ਅਧਿਕਾਰੀ ਜਸਵਿੰਦਰ ਸਿੰਘ ਵੱਲੋਂ ਅੱਜ ਪੇਸ਼ ਕੀਤਾ ਗਿਆ ਜਵਾਬ ਤਸੱਲੀਬਖਸ਼ ਨਹੀਂ ਪਾਇਆ ਗਿਆ, ਜਿਸ ਕਾਰਨ ਜ਼ਿਲ੍ਹਾ ਚੋਣ ਅਧਿਕਾਰੀ ਨੂੰ ਤਲਬ ਕੀਤਾ ਗਿਆ। ਜ਼ਿਕਰਯੋਗ ਏ ਕਿ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਪਹਿਲਾਂ ਹੀ 6

ਨਵੰਬਰ  ਨੂੰ ਕਮਿਸ਼ਨ ਸਾਹਮਣੇ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਜਾ ਚੁੱਕੇ ਨੇ।

---------------------------------------------------------------

ਵਿਧਾਨ ਸਭਾ ਦੀ ਤਰਨ ਤਾਰਨ ਸੀਟ ਦੀ ਜ਼ਿਮਨੀ ਚੋਣ ਲਈ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਮਗਰੋਂ ਪੁਲਿਸ ਪ੍ਰਸ਼ਾਸਨ ਨੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ 57 ਕਰੋੜ 47 ਲੱਖ ਰੁਪਏ ਤੋਂ ਵੱਧ ਦੀ ਸ਼ਰਾਬ ਅਤੇ ਹੋਰ ਵਸਤਾਂ ਜ਼ਬਤ ਕੀਤੀਆਂ ਗਈਆਂ ਨੇ। ਤਰਨ ਤਾਰਨ ਵਿੱਚ 7 ਅਕਤੂਬਰ ਨੂੰ ਚੋਣ ਜ਼ਾਬਤਾ ਲਾਗੂ ਹੋਣ ਤੋਂ 3 ਨਵੰਬਰ ਤੱਕ ਪੰਜਾਬ ਪੁਲਿਸ ਵੱਲੋਂ 32 ਲੱਖ 89 ਹਜ਼ਾਰ  ਤੋਂ ਵੱਧ ਦੀ ਸ਼ਰਾਬ, 56 ਕਰੋੜ 67 ਲੱਖ ਤੋਂ ਵੱਧ ਦੇ ਨਸ਼ੀਲੇ ਪਦਾਰਥ, 9 ਲੱਖ 73 ਹਜ਼ਾਰ ਤੋਂ ਵੱਧ ਦੀ ਨਕਦੀ ਅਤੇ ਸਾਢੇ 37 ਲੱਖ ਰੁਪਏ ਤੋਂ ਵੱਧ ਦੀਆਂ ਹੋਰ ਵਸਤਾਂ ਜ਼ਬਤ ਕੀਤੀਆਂ ਗਈਆਂ ਨੇ ।  ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਕਿਹਾ ਕਿ ਪੁਲਿਸ ਪ੍ਰਸ਼ਾਸਨ ਨੂੰ ਹਲਕਾ ਤਰਨ ਤਾਰਨ ਵਿੱਚ 24 ਘੰਟੇ ਨਾਕਿਆਂ ਉੱਤੇ ਸੀਸੀਟੀਵੀ ਕਅਿਰਿਆਂ ਦੀ ਮਦਦ ਨਾਲ ਨਿਗਰਾਨੀ ਰੱਖਣ ਦੇ ਨਿਰਦੇਸ਼ ਦਿੱਤੇ ਹੋਏ ਨੇ ਤਾਂ ਜੋ ਗਅ-ਕਾਨੂੰਨੀ ਤਸਕਰੀ ਨੂੰ ਨੱਥ ਪਾਈ

ਜਾ ਸਕੇ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਵੋਟਰਾਂ ਨੂੰ ਭਰਮਾਉਣ ਲਈ ਨਕਦੀ ਜਾਂ ਕਿਸੇ ਹੋਰ ਤਰ੍ਹਾਂ ਦਾ ਸਾਮਾਨ ਵੰਡਣ ਵਾਲਿਆਂ ਖਿਲਾਫ਼ ਵੀ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਇਆ ਗਿਆ ਏ।

-------------------------------------------------------

ਗੁਰਦਾਸਪੁਰ ਜ਼ਿਲੇ ਵਿਚ ਕਿਸਾਨਾ ਵਲੋਂ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਨੇ ਜਿਸ ਕਾਰਨ ਵਾਤਾਵਰਨ ਵੀ ਪ੍ਰਦੂਸ਼ਤ ਹੋ ਰਿਹਾ ਏ। ਗੁਰਦਾਸਪੁਰ ਦੇ ਮੁੱਖ ਖੇਤੀਬਾੜੀ ਅਫ਼ਸਰ ਰਣਧੀਰ ਸਿੰਘ ਠਾਕੁਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪਿਛਲੇ ਸਾਲ ਝੋਨੇ ਦੀ ਰਹਿਣ ਖੂਹੰਦ ਨੂੰ ਅੱਗ ਲਾਉਣ ਵਾਲੇ 199 ਕਿਸਾਨਾਂ ਖਿਲਾਫ ਕਾਰਵਾਈ ਕੀਤੀ ਗਈ ਸੀ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ।

BYTE

-------------------------------------------------------

ਖੇਡਾਂ ਅਤੇ ਨੌਜਵਾਨ ਮਾਮਲਿਆਂ ਬਾਰੇ ਮੰਤਰੀ ਡਾ. ਮਨਸੁਖ ਮੰਡਾਵੀਆ ਨੇ ਕਿਹਾ ਏ ਕਿ ਇਸ ਮਹੀਨੇ ਦੀ 7 ਤਰੀਕ ਨੂੰ ਹਾਕੀ ਦੇ 100 ਸਾਲ

ਪੂਰੇ ਹੋਣ ਦਾ ਜਸ਼ਨ ਮਨਾਉਣ ਲਈ, ਦੇਸ਼ ਭਰ ਦੇ 550 ਤੋਂ ਵੱਧ ਜ਼ਿਲ੍ਹਿਆਂ ਵਿੱਚ ਇੱਕ ਹਜ਼ਾਰ 400 ਤੋਂ ਵੱਧ ਹਾਕੀ ਟੂਰਨਾਮੈਂਟ ਕਰਾਏ ਜਾਣਗੇ। ਕੱਲ੍ਹ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ, ਡਾ. ਮੰਡਾਵੀਆ ਨੇ ਕਿਹਾ।

BYTE

ਇਸ ਪਹਿਲਕਦਮੀ ਦਾ ਉਦੇਸ਼, ਹਾਕੀ ਬਾਰੇ ਵਿਆਪਕ ਜਾਗਰੂਕਤਾ ਪਦਾ ਕਰਨਾ, ਨੌਜਵਾਨ ਖਿਡਾਰੀਆਂ ਨੂੰ ਹਾਕੀ ਨੂੰ ਅਪਣਾਉਣ ਲਈ ਉਤਸ਼ਾਹਿਤ ਕਰਨਾ ਅਤੇ ਦੇਸ਼ ਦੇ ਹਾਕੀ ਸੱਭਿਆਚਾਰ ਨੂੰ ਮਜ਼ਬੂਤ ਕਰਨਾ ਏ। ਉਨ੍ਹਾਂ ਕਿਹਾ ਕਿ ਇਹ ਨੌਜਵਾਨਾਂ ਨੂੰ ਹਾਕੀ ਦੇ ਇਤਿਹਾਸ ਨਾਲ ਜੁੜਨ ਅਤੇ ਇਸਦੇ ਭਵਿੱਖ ਨੂੰ ਨੁਹਾਰ ਦੇਣ ਵਿੱਚ ਯੋਗਦਾਨ ਪਾਉਣ ਲਈ ਵੀ ਪ੍ਰੇਰਿਤ ਕਰੇਗਾ। ਮੰਤਰੀ ਨੇ ਕਿਹਾ ਕਿ ਸ਼ਤਾਬਦੀ ਸਮਾਰੋਹ, ਭਾਰਤ ਲਈ ਰਾਸ਼ਟਰੀ ਪਛਾਣ ਅਤੇ ਉੱਤਮਤਾ ਦਾ ਪ੍ਰਤੀਕ ਰਹੀ ਹਾਕੀ ਨੂੰ ਨਮਨ ਏ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਈ.ਸੀ.ਸੀ. ਵਿਸ਼ਵ ਕੱਪ ਜਿੱਤਣ ਵਾਲੀ ਭਾਰਤੀ ਮਹਿਲਾ ਕ੍ਰਿਕਟ ਟੀਮ ਨੂੰ ਵਧਾਈ ਦਿੱਤੀ ਏ। ਟੀਮ ਮੈਂਬਰਾਂ ਨਾਲ ਵੀਡੀਓ ਕਾਨਫਰੰਸਿੰਗ ਜ਼ਰੀਏ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਸ਼ਵ ਕੱਪ ਜਿੱਤ ਕੇ ਧੀਆਂ ਨੇ ਸਿਰਫ਼ ਇਤਿਹਾਸ ਹੀ ਨਹੀਂ ਸਿਰਜਿਆ, ਸਗੋਂ ਉਨ੍ਹਾਂ ਦੁਨੀਆ ਫਤਹਿ ਕੀਤੀ ਏ। ਉਨ੍ਹਾਂ ਕਿਹਾ ਕਿ ਇਹ ਧੀਆਂ ਸੂਬੇ ਦਾ ਮਾਣ ਨੇ ਅਤੇ ਪੰਜਾਬ ਪਰਤਣ ਮਗਰੋਂ ਉਨ੍ਹਾਂ ਦਾ ਸ਼ਾਨਦਾਰ ਸਨਮਾਨ ਕੀਤਾ ਜਾਵੇਗਾ। ਆਓ ਸੁਣਦੇ ਆ ਇਸ ਗੱਲਬਾਤ ਦੇ ਕੁਝ ਅੰਸ਼

BYTE

---------------------------------------------------

ਭਾਰਤੀ ਕ੍ਰਿਕਟ ਕੰਟਰੋਲ ਬੋਰਡ (BCCI) ਨੇ ਭਾਰਤੀ ਮਹਿਲਾ ਕ੍ਰਿਕਟ ਟੀਮ ਦੇ ਖਿਡਾਰੀਆਂ, ਸਹਾਇਕ ਸਟਾਫ ਅਤੇ ਚੋਣ ਕਮੇਟੀ ਨੂੰ ਇਤਿਹਾਸ ਵਿੱਚ, ਪਹਿਲੀ ਵਾਰ ICC ਮਹਿਲਾ ਕ੍ਰਿਕਟ ਵਿਸ਼ਵ ਕੱਪ ਜਿੱਤਣ ਦੀ ਇਤਿਹਾਸਕ ਪ੍ਰਾਪਤੀ ਦੇ ਸਨਮਾਨ ਵਿੱਚ, 51 ਕਰੋੜ ਰੁਪਏ ਦੇ ਨਕਦ ਇਨਾਮ ਦਾ ਐਲਾਨ ਕੀਤਾ ਏ। ਬੋਰਡ ਨੇ ਇੱਕ ਬਿਆਨ ਵਿੱਚ ਕਿਹਾ ਕਿ

ਸਹਾਇਕ ਸਟਾਫ ਅਤੇ ਹਰੇਕ ਹਿੱਸੇਦਾਰ ਨੇ ਦੇਸ਼ ਭਰ ਦੇ ਲੱਖਾਂ ਪ੍ਰਸ਼ੰਸਕਾਂ ਦੀਆਂ ਇੱਛਾਵਾਂ ਪੂਰੀਆਂ ਕਰਦੇ ਹੋਏ, ਸ਼ਾਨਦਾਰ ਪ੍ਰਦਰਸ਼ਨ ਕੀਤਾ ਏ। ਇਸ ਇਤਿਹਾਸਕ ਜਿੱਤ 'ਤੇ, ਕ੍ਰਿਕਟ ਕੰਟਰੋਲ ਬੋਰਡ ਦੇ ਪ੍ਰਧਾਨ ਮਿਥੁਨ ਮਨਹਾਸ ਨੇ ਕਿਹਾ ਕਿ ਟੀਮ ਦੀ ਪ੍ਰਤਿਭਾ ਅਤੇ ਇਕਜੁੱਟਤਾ ਨੇ ਸਾਡੇ ਦੇਸ਼ ਦੀਆਂ ਉਮੀਦਾਂ ਨੂੰ ਵਧਾਇਆ ਏ ਅਤੇ ਇਹ ਜਿੱਤ, ਬੋਰਡ ਵੱਲੋਂ ਇੱਕ ਵਿਸ਼ਵ ਪੱਧਰੀ ਮਹਿਲਾ ਪ੍ਰੋਗਰਾਮ ਦੇ ਨਿਰਮਾਣ ਵਿੱਚ, ਕੀਤੇ ਗਏ ਨਿਵੇਸ਼ ਅਤੇ ਵਿਸ਼ਵਾਸ ਨੂੰ ਦਰਸਾਉਂਦੀ ਏ।

-----------------------------------------------------------

- ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੂਬਾ ਪੱਧਰੀ ਸਮਾਗਮਾਂ ਦੀ ਸ਼ੁਰੂਆਤ, ਵੱਖ-ਵੱਖ ਜ਼ਿਲ੍ਹਿਆਂ 'ਚ ਗੁਰੂ ਸਾਹਿਬ ਨਾਲ ਜੁੜੇ ਇਤਿਹਾਸ ਨੂੰ ਦਰਸਾਉਂਦੇ, ਲਾਈਟ ਐਂਡ ਸਾਊਂਡ ਸ਼ੋਅ ਸ਼ੁਰੂ ਹੋਏ ।

- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼

ਗੁਰਪੁਰਬ ਮਨਾਉਣ ਲਈ, ਸਿੱਖ ਸ਼ਰਧਾਲੂਆਂ ਦਾ ਜਥਾ ਰਵਾਨਾ
।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ,ਪੰਜਾਬ ਵਿਧਾਨ ਸਭਾ ਦੇ ਸਪੀਕਰ, ਮੁੱਖ ਮੰਤਰੀ ਅਤੇ ਕੈਬਨਿਟ ਮੰਤਰੀਆਂ ਨੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੋਂ ਇਕ ਸ਼ਾਮ ਪਹਿਲਾਂ ਸਾਰੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਸ਼ਵ ਕੱਪ ਜਿੱਤਣ ਵਾਲੀ ਭਾਰਤੀ ਮਹਿਲਾ ਕ੍ਰਿਕਟ ਟੀਮ ਨੂੰ ਦਿੱਤੀ ਵਧਾਈ ਕਿਹਾ-ਪੰਜਾਬ ਦੀਆਂ ਧੀਆਂ ਨੇ ਪੂਰੇ ਦੇਸ਼ ਦਾ ਮਾਣ ਵਧਾਇਆ ਏ
।

- ਹਾਕੀ ਦੇ 100 ਸਾਲ ਪੂਰੇ ਹੋਣ ਦਾ ਜਸ਼ਨ ਮਨਾਉਣ ਲਈ ਦੇਸ਼ ਭਰ ਦੇ 550 ਤੋਂ ਵੱਧ ਜ਼ਿਲ੍ਹਿਆਂ ਵਿੱਚ ਹਾਕੀ ਟੂਰਨਾਮੈਂਟ ਕਰਾਏ ਜਾਣਗੇ ।

---------------------------------------------------

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ

□ ਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !